੧ੴ ਵਾਹਿਗੁਰੂ ਜੀ ਕੀ ਫਤਹ ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ **ਅੰਤ੍ਰਿੰਗ** ਕਮੇਟੀ ਦੀ ਉਚੇਚੀ ਇਕੱਤਰਤਾ ਮਿਤੀ 03-12-2023 (18 ਮੱਘਰ ਸੰਮਤ ਨਾਨਕਸ਼ਾਹੀ 555) ਦੇ ਮਤਾ ਨੰਬਰ 72 ਦੀ ਨਕਲ :-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਦੀ ਉਚੇਚੀ ਇਕੱਤਰਤਾ ਵਿਚ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਵੱਲੋਂ ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਆਪਣੀ ਪਟੀਸ਼ਨ ਵਾਪਸ ਲੈਣ ਅਤੇ 5 ਦਸੰਬਰ 2023 ਤੋਂ ਭੁੱਖ ਹੜਤਾਲ ਸ਼ੁਰੂ ਕਰਨ ਦੇ ਭੇਜੇ ਪੱਤਰ ਸਬੰਧੀ ਮਿਤੀ 02 ਦਸੰਬਰ 2023 ਨੂੰ ਸੱਦੀ ਪੰਥਕ ਨੁਮਾਇੰਦਿਆਂ ਦੀ ਇਕੱਤਰਤਾ ਦੌਰਾਨ ਇਸ ਮਾਮਲੇ 'ਤੇ ਮਿਲੇ ਸੁਝਾਅ ਵਿਚਾਰੇ ਗਏ।

ਪੰਥਕ ਨੁਮਾਇੰਦਿਆਂ ਵੱਲੋਂ ਪ੍ਰਾਪਤ ਹੋਏ ਸੁਝਾਵਾਂ ਅਨੁਸਾਰ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਮੁਆਫ਼ ਕਰਨ ਬਾਰੇ 2012 ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਰਾਸ਼ਟਰਪਤੀ ਪਾਸ ਪੰਥ ਦੀਆਂ ਭਾਵਨਾਵਾਂ ਅਨੁਸਾਰ ਪਾਈ ਗਈ ਪਟੀਸ਼ਨ ਵਾਪਸ ਨਾ ਲੈਣ ਦੀ ਸਿਫਾਰਸ਼ ਨੂੰ ਪ੍ਰਵਾਨਗੀ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ 5 ਦਸੰਬਰ 2023 ਤੋਂ ਸ਼ੁਰੂ ਕੀਤੀ ਜਾਣ ਵਾਲੀ ਭੁੱਖ ਹੜਤਾਲ ਨਾ ਕਰਨ ਦੀ ਵੀ ਸਨਿਮਰ ਅਪੀਲ ਕੀਤੀ ਜਾਂਦੀ ਹੈ, ਕਿਉਂਕਿ ਗੁਰਮਤਿ ਫ਼ਲਸਫੇ ਅਨੁਸਾਰ ਅਜਿਹਾ ਕਰਨਾ ਠੀਕ ਨਹੀਂ। ਇਸ ਲਈ ਭਾਈ ਰਾਜੋਆਣਾ ਨੂੰ ਪੰਥਕ ਭਾਵਨਾਵਾਂ ਦੀ ਕਦਰ ਕਰਦਿਆਂ ਭੁੱਖ ਹੜਤਾਲ ਦਾ ਵਿਚਾਰ ਵਾਪਸ ਲੈ ਲੈਣਾ ਚਾਹੀਦਾ ਹੈ। ਸਮੁੱਚਾ ਖ਼ਾਲਸਾ ਪੰਥ ਉਨ੍ਹਾਂ ਲਈ ਸਰਗਰਮੀ ਨਾਲ ਯਤਨਸ਼ੀਲ ਹੈ ਅਤੇ ਕੇਂਦਰ ਸਰਕਾਰ 'ਤੇ ਦਬਾਅ ਬਣਾਉਣ ਲਈ ਭਵਿੱਖ ਅੰਦਰ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਪੰਥਕ ਨੁਮਾਇੰਦਿਆਂ ਦੀ ਮਿਤੀ 2 ਦਸੰਬਰ 2023 ਦੀ ਇਕੱਤਰਤਾ ਦੌਰਾਨ ਬਣੀ ਸਹਿਮਤੀ ਅਨੁਸਾਰ 20 ਦਸੰਬਰ 2023 ਨੂੰ ਦਿੱਲੀ ਵਿਖੇ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਤੋਂ ਰਾਸ਼ਟਰਪਤੀ ਭਵਨ ਤੱਕ ਸਮੂਹ ਤਖ਼ਤ ਸਾਹਿਬਾਨ ਦੇ ਜਥੇਦਾਰ, ਸਿੰਘ ਸਾਹਿਬਾਨ, ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ, ਦਮਦਮੀ ਟਕਸਾਲ, ਕਾਰਸੇਵਾ ਵਾਲੇ ਮਹਾਂਪੁਰਖ, ਸਮੂਹ ਕਿਸਾਨ ਜਥੇਬੰਦੀਆਂ, ਨਿਰਮਲੇ ਤੇ ਉਦਾਸੀਨ ਸੰਪ੍ਰਦਾਵਾਂ, ਪੰਥਕ ਤੇ ਰਾਜਸੀ ਸਿੱਖ ਜਥੇਬੰਦੀਆਂ ਅਤੇ ਸਿੰਘ ਸਭਾਵਾਂ ਆਦਿ ਨੂੰ ਸ਼ਾਮਲ ਕਰਕੇ ਸਾਂਝੇ ਪ੍ਰਦਰਸ਼ਨ ਨੂੰ ਵੀ ਪ੍ਰਵਾਨਗੀ ਦਿੱਤੀ ਜਾਂਦੀ ਹੈ। ਇਸ ਪ੍ਰਦਰਸ਼ਨ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦਸਤਖਤੀ ਮੁਹਿੰਮ ਤਹਿਤ ਭਰੇ ਗਏ 26 ਲੱਖ ਫਾਰਮ ਵੀ ਨਾਲ ਲਿਜਾਏ ਜਾਣਗੇ।

ਇਸ ਪ੍ਰਦਰਸ਼ਨ ਸਬੰਧੀ ਤਿਆਰੀ ਲਈ ਸਿੱਖ ਸੰਸਥਾਵਾਂ ਅਤੇ ਜਥੇਬੰਦੀਆਂ ਨਾਲ ਇਕੱਤਰਤਾਵਾਂ ਕਰਨ ਅਤੇ ਇਸ ਪੁਰ ਹੋਣ ਵਾਲੇ ਹਰ ਤਰ੍ਹਾਂ ਦੇ ਖਰਚਿਆਂ ਦੀ ਵੀ ਪ੍ਰਵਾਨਗੀ ਦਿੱਤੀ ਜਾਂਦੀ ਹੈ। ਖਰਚ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ 'ਸ਼ਹੀਦੀ ਫੰਡ' ਵਿੱਚੋਂ ਕੀਤੇ ਜਾਣ। ਖਰਚਾਂ ਦੀ ਪ੍ਰਵਾਨਗੀ ਦੇ ਅਧਿਕਾਰ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਨੂੰ ਦਿੱਤੇ ਜਾਂਦੇ ਹਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22689

ਮਿਤੀ 04-12-2023

ਉਤਾਰਾ: 1. ਇੰਚਾਰਜ ਜੀ, ਸਕੱਤਰੇਤ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ।
-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।